ਸਿਰ ਮਸ੍ਤਕ ਰਖ੍ਯਾ ਪਾਰਬ੍ਰਹਮੰ
ਹਸ੍ਤ ਕਾਯਾ ਰਖ੍ਯ੍ਯਾ ਪਰਮੇਸ੍ਵਰਹ ॥
ਆਤਮ ਰਖ੍ਯਾ ਗੋਪਾਲ ਸੁਆਮੀ
ਧਨ ਚਰਣ ਰਖ੍ਯਾ ਜਗਦੀਸ੍ਵਰਹ ॥
ਸਰਬ ਰਖ੍ਯਾ ਗੁਰ ਦਯਾਲਹ
ਭੈ ਦੂਖ ਬਿਨਾਸਨਹ ॥
ਭਗਤਿ ਵਛਲ ਅਨਾਥ ਨਾਥੇ
ਸਰਣਿ ਨਾਨਕ ਪੁਰਖ ਅਚੁਤਹ ॥੫੨॥

ਘੋਰ ਦੁਖ੍ਯੰ ਅਨਿਕ ਹਤ੍ਯੰ
ਜਨਮ ਦਾਰਿਦ੍ਰੰ ਮਹਾ ਬਿਖ੍ਯਾਦੰ ॥
ਮਿਟੰਤ ਸਗਲ ਸਿਮਰੰਤ ਹਰਿ ਨਾਮ ਨਾਨਕ
ਜੈਸੇ ਪਾਵਕ ਕਾਸਟ ਭਸਮੰ ਕਰੋਤਿ ॥੧੯॥

# ਸੋਰਠਿ ਮਹਲਾ ੫ ॥

ਗੁਰ ਕਾ ਸਬਦੁ ਰਖਵਾਰੇ ॥
ਚਉਕੀ ਚਉਗਿਰਦ ਹਮਾਰੇ ॥
ਰਾਮ ਨਾਮਿ ਮਨੁ ਲਾਗਾ ॥
ਜਮੁ ਲਜਾਇ ਕਰਿ ਭਾਗਾ ॥੧॥
ਪ੍ਰਭ ਜੀ ਤੂ ਮੇਰੋ ਸੁਖਦਾਤਾ ॥
ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ
ਪੁਰਖੁ ਬਿਧਾਤਾ ॥ ਰਹਾਉ ॥
ਨਾਨਕ ਪ੍ਰਭੁ ਅਬਿਨਾਸੀ ॥
ਤਾ ਕੀ ਸੇਵ ਨ ਬਿਰਥੀ ਜਾਸੀ ॥
ਅਨਦ ਕਰਹਿ ਤੇਰੇ ਦਾਸਾ ॥
ਜਪਿ ਪੂਰਨ ਹੋਈ ਆਸਾ ॥੨॥੪॥੬੮॥

ਬਿਲਾਵਲੁ ਮਹਲਾ ੫ ॥

ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ ॥
ਚਉਗਿਰਦ ਹਮਾਰੈ ਰਾਮ ਕਾਰ
ਦੁਖੁ ਲਗੈ ਨ ਭਾਈ ॥੧॥
ਸਤਿਗੁਰੁ ਪੂਰਾ ਭੇਟਿਆ
ਜਿਨਿ ਬਣਤ ਬਣਾਈ ॥
ਰਾਮ ਨਾਮੁ ਅਉਖਧੁ ਦੀਆ
ਏਕਾ ਲਿਵ ਲਾਈ ॥੧॥ ਰਹਾਉ ॥
ਰਾਖਿ ਲੀਏ ਤਿਨਿ ਰਖਨਹਾਰਿ
ਸਭ ਬਿਆਧਿ ਮਿਟਾਈ ॥
ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ
॥੨॥੧੫॥੭੯॥

ਸਲੋਕੁ ॥

ਜਹ ਸਾਧੂ ਗੋਬਿਦ ਭਜਨੁ
ਕੀਰਤਨੁ ਨਾਨਕ ਨੀਤ ॥
ਣਾ ਹਉ ਣਾ ਤੂੰ ਣਹ ਛੁਟਹਿ
ਨਿਕਟਿ ਨ ਜਾਈਅਹੁ ਦੂਤ ॥੧॥

ਸਲੋਕ ਮਃ ੫ ॥

ਮਨ ਮਹਿ ਚਿਤਵਉ ਚਿਤਵਨੀ
ਉਦਮੁ ਕਰਉ ਉਠਿ ਨੀਤ ॥
ਹਰਿ ਕੀਰਤਨ ਕਾ ਆਹਰੋ
ਹਰਿ ਦੇਹੁ ਨਾਨਕ ਕੇ ਮੀਤ ॥੧॥